# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਡਪਿੰਗ ਗਰਾਊਂਡ ਦੇ ਪ੍ਰਬੰਧਾਂ ਦਾ ਲਿਆ ਜਾਇਜ਼ਾ

ਹੁਸ਼ਿਆਰਪੁਰ 15 ਜੂਨ- ਭਾਰਤ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਸੁਰੂ ਕੀਤੇ ਗਏ ਸਵੱਛ ਭਾਰਤ ਅਭਿਆਨ ਤਹਿਤ ਸ਼ਹਿਰ ਨੂੰ ਸਾਫ ਸੁਥਰਾ ਬਣਾਉਣ ਲਈ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਉਪਰਾਲੀਆਂ ਸਬੰਧੀ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਡਪਿੰਗ ਗਰਾਊਂਡ ਵਿਖੇ ਸ਼ਹਿਰ ਦੇ ਕੱਚਰੇ ਦੀ ਸਾਂਭ ਸੰਭਾਲ ਲਈ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਨਗਰ ਨਿਗਮ ਦੇ ਕਾਰਜ ਸਾਧਕ ਅਫਸਰ ਰਮੇਸ਼ ਕੁਮਾਰ, ਐਸ.ਡੀ.ਓ. ਕੁਲਦੀਪ ਸਿੰਘ, ਚੀਫ ਸੈਨਟੇਰੀ ਅਫਸਰ ਨਵਦੀਪ ਸ਼ਰਮਾ, ਸੈਨਟੇਰੀ ਇੰਸਪੈਕਟਰ ਜਗਰੂਪ ਸਿੰਘ ਵੀ ਇਸ ਮੌਕੇ ਤੇ ਉਹਨਾਂ ਦੇ ਨਾਲ ਸਨ। ਮੇਅਰ ਸ਼ਿਵ ਸੂਦ ਨੇ ਇਸ ਮੌਕੇ ਸਬੰਧਤ ਅਧਿਕਾਰੀਆਂ ਨਾਲ ਡਪਿੰਗ ਗਰਾਊਂਡ ਵਿਖੇ ਸ਼ਹਿਰ ਦੇ ਕੱਚਰੇ ਨੂੰ ਸੰਭਾਲਣ ਲਈ ਕੀਤੇ ਜਾ ਰਹੇ ਪ੍ਰਬਧਾਂ ਸਬੰਧੀ ਵਿਸਥਾਰਪੂਰਵਕ ਵਿਚਾਰ ਵਟਾਂਦਰਾ ਕਰਨ ਉਪਰੰਤ ਦੱਸਿਆ ਕਿ ਡਪਿੰਗ ਗਰਾਊਂਡ ਵਿਖੇ ਕਚੱਰੇ ਨੂੰ ਸੰਭਾਲਣ ਲਈ ਇਕ ਜੇ.ਸੀ.ਬੀ. ਮਸ਼ੀਨ ਲਗਾਈ ਗਈ ਹੈ ਇਸ ਦੀ ਬਦਬੂ ਨੂੰ ਘਟਾਊਣ ਲਈ ਸਪਰੇ ਅਤੇ ਫੋਗਿੰਗ ਕਰਵਾਈ ਜਾ ਰਹੀ ਹੈ ਇਸ ਦੇ ਆਲੇ ਦੁਆਲੇ ਚਾਰ ਦਿਵਾਰੀ ਬਣਾਉਣ ਅਤੇ ਇਸ ਥਾਂ ਦੇ ਵਾਤਾਵਰਣ ਨੂੰ ਠੀਕ ਰੱਖਣ ਲਈ ਪੌਧੇ ਵੀ ਲਗਾਏ ਜ਼ਾ ਰਹੇ ਹਨ।